ਵੱਲੋਂ

ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ।

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਨੰ.ਪੰ.ਪ੍ਰਚਾਲਣ- (ਹਦਾਇਤਾਂ)-2024/ 12529
ਮਿਤੀ, ਪਟਿਆਲਾ/ 23/09/2024

ਵਿਸ਼ਾ:- ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਦੀ ਪਾਲਣਾ ਤਹਿਤ ਟੈਂਡਰਾਂ ਦਾ ਪ੍ਰਕਾਸ਼ਨ ਪੰਜਾਬੀ ਭਾਸ਼ਾ ਵਿਚ ਕਰਨ ਸਬੰਧੀ।

ਸ੍ਰੀਮਾਨ ਜੀ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ/ਬੋਰਡਾਂ/ਕਾਰਪੋਰੇਸ਼ਨਾਂ ਵਿਚ ਸਮੁੱਚੇ ਕੰਮ-ਕਾਜ ਵਿਚ ਪੰਜਾਬੀ ਦੀ ਵਰਤੋਂ ਲਾਜ਼ਮੀ ਕਰਨ ਹਿਤ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਵੱਲ ਦਿਵਾਇਆ ਜਾਂਦਾ ਹੈ।

ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਵਿਚ ਕੀਤੇ ਉਪਬੰਧਾਂ ਅਨੁਸਾਰ ਸਮੁੱਚਾ ਦਫਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ। ਇਨ੍ਹਾਂ ਐਕਟਾਂ ਦੀ ਪਾਲਣਾ ਤਹਿਤ ਸਰਕਾਰ ਵੱਲੋਂ ਸਮੂਹ ਅਧਿਕਾਰੀਆਂ ਨੂੰ ਆਪਣੇ ਦਫ਼ਤਰੀ ਕੰਮ-ਕਾਜ ਵਿਚ ਪੰਜਾਬੀ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਲਿਖਿਆ ਜਾਂਦਾ ਰਿਹਾ ਹੈ। ਪ੍ਰੰਤੂ ਹਾਲੇ ਵੀ ਵੇਖਣ ਵਿਚ ਆਇਆ ਹੈ ਕਿ ਕੁਝ ਵਿਭਾਗਾਂ ਵੱਲੋਂ ਦਫ਼ਤਰੀ ਕਾਰਜਾਂ ਲਈ ਜਾਰੀ ਕੀਤੇ ਜਾਂਦੇ ਟੈਂਡਰ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੀ ਪ੍ਰਕਾਸ਼ਿਤ ਕੀਤੇ ਜਾਂਦੇ ਹਨ, ਜਿਸ ਦੀ ਪੰਜਾਬ ਦੇ ਆਮ ਲੋਕਾਂ ਨੂੰ ਨਾ ਤਾਂ ਸਮਝ ਆਉਂਦੀ ਹੈ ਅਤੇ ਨਾ ਹੀ ਉਨ੍ਹਾਂ ਨੂੰ ਉਸਦਾ ਲਾਭ ਮਿਲਦਾ ਹੈ।

ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਦੇ ਉਪਬੰਧਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਅੱਗੇ ਤੋਂ ਆਪ ਦੇ ਵਿਭਾਗ ਵੱਲੋਂ ਜੋ ਵੀ ਟੈਂਡਰ ਜਾਰੀ ਕੀਤੇ ਜਾਣ ਉਹ ਅੰਗਰੇਜ਼ੀ ਭਾਸ਼ਾ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਪ੍ਰਕਾਸ਼ਿਤ ਕਰਵਾਏ ਜਾਣ ਤਾਂ ਜੋ ਪੰਜਾਬ ਦੇ ਆਮ ਲੋਕਾਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਪੰਜਾਬ ਸਰਕਾਰ ਦੀ ਭਾਸ਼ਾ ਨੀਤੀ ਅਨੁਸਾਰ ਪੰਜਾਬੀ ਭਾਸ਼ਾ ਨੂੰ ਪਹਿਲੀ ਭਾਸ਼ਾ ਅਤੇ ਅੰਗਰਜ਼ੀ ਨੂੰ ਦੂਜੀ ਭਾਸ਼ਾ ਵਜੋਂ ਵੀ ਵਰਤਿਆ ਜਾਵੇ।

ਆਦਰ ਸਹਿਤ।

ਹਿੱਤੂ

(ਜਸਵੰਤ ਸਿੰਘ ਜ਼ਫ਼ਰ)
ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ